# ਦਫਤਰ: ਉਚੇਰੀ ਸਿੱਖਿਆ ਅਤੇ ਜਲ ਸਪਲਾਈ ਤੇ ਸੈਨੀਟੇਸ਼ਨ ਮੰਤਰੀ,ਪੰਜਾਬ

ਵਿਸ਼ਾ:- ਦਫ਼ਤਰੀ ਕੰਮ-ਕਾਜ ਰਾਜ ਭਾਸ਼ਾ ਪੰਜਾਬੀ ਵਿੱਚ ਕਰਨ ਬਾਰੇ।

*****

ਉਪਰੋਕਤ ਵਿਸ਼ੇ ਤੇ ਨਿਮਨਹਸਤਾਖਰ ਵਲੋਂ ਸਮੂਹ ਮੰਤਰੀ ਸਹਿਬਾਨਾਂ ਨੂੰ ਅਰਧ-ਸਰਕਾਰੀ ਪੱਤਰਾਂ ਰਾਹੀਂ ਪੰਜਾਬ ਰਾਜ ਭਾਸ਼ਾ (ਤਰਸੀਮ) ਐਕਟ, 2008 ਨੂੰ ਲਾਗੂ ਕਰਨ ਹਿੱਤ ਉਨ੍ਹਾਂ ਦੇ ਵਿਭਾਗਾਂ ਅਧੀਨ ਆਉਂਦੇ ਪ੍ਰਬੰਧਕੀ ਸਕੱਤਰਾਂ ਨੂੰ ਹਦਾਇਤਾਂ ਜਾਰੀ ਕਰਨ ਲਈ ਲਿਖਿਆ ਗਿਆ ਹੈ। ਉਚੇਰੀ ਸਿੱਖਿਆ ਅਤੇ ਜਲ ਸਪਲਾਈ ਤੇ ਸੈਨੀਟੇਸ਼ਨ ਵਿਭਾਗ ਦੇ ਬਤੌਰ ਮੰਤਰੀ ਇੰਚਾਰਜ ਹੋਣ ਦੇ ਨਾਤੇ ਮੈਂ ਆਪ ਦਾ ਧਿਆਨ ਪੰਜਾਬ ਰਾਜ ਦੇ ਸਮੂਹ ਦਫ਼ਤਰਾਂ, ਬੋਰਡਾਂ, ਕਾਰਪੋਰੇਸ਼ਨਾਂ, ਸਿੱਖਿਆ ਸੰਸਥਾਵਾਂ ਅਤੇ ਹੇਠਲੀਆਂ ਅਦਾਲਤਾਂ ਵਿੱਚ ਸਰਕਾਰੀ ਕੰਮ-ਕਾਜ ਪੰਜਾਬੀ ਭਾਸ਼ਾ ਵਿੱਚ ਕੀਤੇ ਜਾਣ ਦੇ ਮਨੋਰਥ ਲਈ ਬਣੇ "ਪੰਜਾਬ ਰਾਜ ਭਾਸ਼ਾ (ਤਰਮੀਮ) ਐਕਟ, 2008 " ਵੱਲ ਦਿਵਾਉਣਾ ਚਾਹੁੰਦੀ ਹਾਂ (ਕਾਪੀ ਨੱਥੀ)। ਇਸ ਐਕਟ ਵਿੱਚ ਦਰਜ ਉਪਬੰਧਾਂ ਅਨੁਸਾਰ ਰਾਜ ਪ੍ਰਸ਼ਾਸਨ ਵਿੱਚ ਸਮੁੱਚਾ ਦਫ਼ਤਰੀ ਕੰਮ-ਕਾਜ ਪੰਜਾਬੀ ਭਾਸ਼ਾ ਵਿੱਚ ਕੀਤਾ ਜਾਣਾ ਲਾਜ਼ਮੀ ਹੈ। ਪੰਜਾਬ ਰਾਜ ਭਾਸ਼ਾ (ਤਰਮੀਮ) ਐਕਟ 2008 ਦੇ ਉਪਬੰਧਾਂ ਦੀ ਪਾਲਣਾ ਲਈ ਸਰਕਾਰ ਪੂਰੀ ਤਰ੍ਹਾਂ ਸੰਜੀਦਾ ਹੈ ਅਤੇ ਇਸ ਸਬੰਧੀ ਪਹਿਲਾਂ ਹੀ ਉਚੇਰੀ ਸਿੱਖਿਆ ਤੇ ਭਾਸ਼ਾ ਵਿਭਾਗ ਵਲੋਂ ਹਦਾਇਤਾਂ ਜਾਰੀ ਕੀਤੀਆਂ ਜਾ ਚੁੱਕੀਆਂ ਹਨ।

ਰਾਜ ਭਾਸ਼ਾ ਪੰਜਾਬੀ ਦੀ ਪ੍ਰਫੁੱਲਤਾ ਅਤੇ ਪ੍ਰਸਾਰ ਲਈ ਜਾਗਰੂਕਤਾ ਪੈਦਾ ਕਰਨ ਲਈ ਜਲਦੀ ਹੀ ਇੱਕ ਮੁਹਿੰਮ ਵੀ ਸ਼ੁਰੂ ਕੀਤੀ ਜਾ ਰਹੀ ਹੈ ਅਤੇ ਸਮੂਹ ਵਿਭਾਗਾਂ ਵਿੱਚ ਪੰਜਾਬੀ ਭਾਸ਼ਾ ਨੂੰ ਸੌ-ਫ਼ੀਸਦੀ ਲਾਗੂ ਕਰਨ ਦੇ ਨਜ਼ਰੀਏ ਤੋਂ ਪੜਤਾਲ ਕਰਨ ਲਈ ਪ੍ਰੋਗਰਾਮ ਵੀ ਤਿਆਰ ਕਰ ਰਹੇ ਹਾਂ। ਜੇਕਰ ਆਪ ਜੀ ਦੇ ਵਿਭਾਗ ਦਾ ਕੋਈ ਅਧਿਕਾਰੀ ਜਾਂ ਕਰਮਚਾਰੀ ਉਕਤ ਕਾਨੂੰਨ ਦੀ ਉਲੰਘਣਾ ਕਰਦਾ ਪਾਇਆ ਜਾਂਦਾ ਹੈ ਤਾਂ ਡਾਇਰੈਕਟਰ, ਭਾਸ਼ਾ ਵਿਭਾਗ, ਪੰਜਾਬ ਦੀਆਂ ਸਿਫਾਰਸ਼ਾਂ ਅਨੁਸਾਰ ਉਸ ਵਿਰੁੱਧ ਸਮਰੱਥ ਅਧਿਕਾਰੀ ਰਾਹੀਂ ਪੰਜਾਬ ਸਿਵਲ ਸੇਵਾਵਾਂ (ਦੰਡ ਅਤੇ ਅਪੀਲ) ਨਿਯਮਾਂ 1970 ਤਹਿਤ ਬਣਦੀ ਕਾਰਵਾਈ ਕਰਵਾਉਣ ਨੂੰ ਯਕੀਨੀ ਬਣਾਇਆ ਜਾਵੇਗਾ।

ਰਜ਼ੀਆ ਸੁਲਤਾਨਾ

ਉਚੇਰੀ ਸਿੱਖਿਆ ਅਤੇ ਜਲ ਸਪਲਾਈ
ਤੇ ਸੈਨੀਟੇਸ਼ਨ ਮੰਤਰੀ, ਪੰਜਾਬ।

ਸਕੱਤਰ,
ਜਲ ਸਪਲਾਈ ਤੇ ਸੈਨੀਟੇਸ਼ਨ।

O/o Head of Department
D.W.S.S.
Diary No. 12052 Dt. 14-12-18

14/12/18
ADO
HOD